# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

**ਮੀਮੋ ਨੰ::Transfer Cell/2026/322388/2647** **ਮਿਤੀ:** 22.6.26

ਜਨਤਕ ਸੂਚਨਾਂ

1.0 ਸਾਲ 2026 ਦੀਆਂ ਆਮ ਬਦਲੀਆਂ ਦੌਰਾਨ ਪੋਰਟਲ ਰਾਹੀਂ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਜੋ ਬਦਲੀ ਲਈ ਅਪਲਾਈ ਕਰਨਾ ਚਾਹੁੰਦੇ ਸਨ, ਪਾਸੋਂ ਜਨਤਕ ਸੂਚਨਾਵਾਂ ਜਾਰੀ ਕਰਦੇ ਹੋਏ ਮਿਤੀ 22.05.2026 ਤੱਕ ਆਨਲਾਈਨ ਦਰਖਾਸਤਾਂ ਦੀ ਮੰਗ ਕੀਤੀ ਗਈ ਸੀ। ਉਸ ਓਪਰੰਤ ਦਰਖਾਸਕਰਤਾ ਵਲੋਂ ਭਰੇ ਗਏ ਡਾਟਾ ਨੂੰ ਵੈਰੀਫਾਈ ਕਰਨ ਹਿੱਤ ਸਕੂਲ ਮੁੱਖੀ/ਡੀ.ਡੀ.ਓ ਨੂੰ ਮਿਤੀ 25.05.2026 ਤੋਂ 28.05.2026 ਤੱਕ ਦਾ ਸਮਾਂ ਦਿੱਤਾ ਗਿਆ ਸੀ।

2.0 ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਕਰਨ ਸਬੰਧੀ Station Choice ਲੈਣ ਲਈ ਮਿਤੀ 14.06.2026 (ਰਾਤ 12:00 ਵਜੇ ਤੱਕ) ਸਮਾਂ ਦਿੱਤਾ ਗਿਆ ਸੀ। ਪਰੰਤੂ ਕੁਝ ਦਰਖਾਸਤਕਰਤਾ ਜਿੰਨਾਂ ਵਲੋਂ Station Choice ਲਈ ਅਪਲਾਈ ਕੀਤਾ ਜਾ ਰਿਹਾ ਸੀ ਉਹਨਾਂ ਵਿਚੋਂ ਕੁਝ ਦਰਖਾਸਤਕਰਤਾਵਾਂ ਦਾ ਡਾਟਾ ਮਿਸਮੈਚ ਸੀ ਭਾਵ ਉਹਨਾਂ ਵਲੋਂ ਭਰਿਆ ਗਿਆ ਡਾਟਾ ਸਹੀ ਨਹੀਂ ਸੀ। ਅਜਿਹੇ ਦਰਖਾਸਤਕਰਤਾਵਾਂ ਨੂੰ ਡਾਟਾ ਦਰੁੱਸਤ ਕਰਨ ਲਈ ਇੱਕ ਮੌਕਾ ਮਿਤੀ 15.06.2026 ਨੂੰ ਸਾਮ 06:00 ਵਜੇ ਤੱਕ ਦਿੱਤਾ ਗਿਆ ਸੀ।

3.0 ਜਿਹੜੇ ਦਰਖਾਸਤਕਰਤਾਵਾਂ ਨੂੰ ਡਾਟਾ ਦਰੁੱਸਤ ਕਰਨ ਲਈ ਸਮਾਂ ਦਿੱਤਾ ਗਿਆ ਸੀ ਅਤੇ ਜਿਹੜੇ ਦਰਖਾਸਤਕਰਤਾਵਾਂ ਦਾ Transfer Application ਡੀ.ਡੀ.ਓ/ਸਕੂਲ ਮੁੱਖੀ ਵਲੋਂ ਬਿਨਾਂ ਕਿਸੇ ਕਾਰਨ ਰੱਦ ਕਰ ਦਿੱਤੀ ਗਈ ਸੀ ਅਤੇ ਉਹ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ Station Choice ਮਿਤੀ 22.06.2026 (ਰਾਤ 12:00 ਵਜੇ ਤੱਕ) ਦੇ ਸਕਦੇ ਹਨ।

4.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ/ਕਰਮਚਾਰੀ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

5.0 ਜੇਕਰ ਕਿਸੇ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਨੂੰ ਸਟੇਸਨ ਚੁਆਇਸ ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portalਤੇ ਉਪਲਬਧ ਹੈ।

22.6.26

**ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)**